# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10**

**ਮਿਤੀ : 10-07-2025**

ਪ੍ਰਧਾਨ ਮੰਤਰੀ ਮੋਦੀ ਘਾਨਾ, ਤ੍ਰਿਨੀਦਾਦ ਅਤੇ ਟੋਬੈਗੋ, ਅਰਜਨਟੀਨਾ, ਬ੍ਰਾਜ਼ੀਲ ਅਤੇ ਨਾ-ਮੀਬੀਆ ਦੇ ਪੰਜ ਦੇਸ਼ਾਂ ਦੇ ਦੌਰੇ ਤੋਂ ਬਾਅਦ ਅੱਜ ਨਵੀਂ ਦਿੱਲੀ ਵਾਪਸ ਪਰਤ ਆਏ ਨੇ ।ਆਪਣੀ ਫੇਰੀ ਦੌਰਾਨ, ਪ੍ਰਧਾਨ ਮੰਤਰੀ ਨੇ ਇਨ੍ਹਾਂ ਦੇਸ਼ਾਂ ਦੇ ਮੁਖੀਆਂ ਨਾਲ ਗੱਲਬਾਤ ਕੀਤੀ ਤਾਂ ਜੋ ਇਨ੍ਹਾਂ ਦੇਸ਼ਾਂ ਨਾਲ ਭਾਰਤ ਦੇ ਸਬੰਧਾਂ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ। ਸ਼੍ਰੀ ਮੋਦੀ ਨੇ ਰੀਓ ਡੀ ਜਨੇਰੀਓ ਵਿੱਚ ਬ੍ਰਿਕਸ ਸੰਮੇਲਨ ਵਿੱਚ ਵੀ ਸ਼ਿਰਕਤ ਕੀਤੀ। ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਏ ਕਿ ਅਫਰੀਕਾ ਨੂੰ ਸਿਰਫ਼ ਕੱਚੇ ਮਾਲ ਦੇ ਸਰੋਤ ਵਜੋਂ ਨਹੀਂ ਸਗੋਂ ਇੱਕ ਮਹਾਂਦੀਪ ਵਜੋਂ ਦੇਖਿਆ ਜਾਣਾ ਚਾਹੀਦਾ ਏ ਜੋ ਮੁੱਲ ਸਿਰਜਣ ਅਤੇ ਟਿਕਾਊ ਵਿਕਾਸ ਵਿੱਚ ਮੋਹਰੀ ਭੂਮਿਕਾ ਨਿਭਾਉਂਦਾ ਏ । ਪ੍ਰਧਾਨ ਮੰਤਰੀ ਨੇ ਇਹ ਗੱਲ ਨਾ-ਮੀਬੀਆ ਦੀ ਸੰਸਦ ਨੂੰ ਆਪਣੇ ਸੰਬੋਧਨ ਵਿੱਚ ਕਹੀ।ਸਾਂਝੇ ਉਪਰਾਲਿਆਂ ਦੀ ਮੰਗ ਕਰਦੇ ਹੋਏ, ਪ੍ਰਧਾਨ ਮੰਤਰੀ ਨੇ ਅਫਰੀਕੀ ਦੇਸ਼ਾਂ ਨੂੰ ਆਪਣੀ ਸਵਦੇਸ਼ੀ ਪਛਾਣ ਨੂੰ ਸੁਰੱਖਿਅਤ ਰੱਖਦੇ ਹੋਏ, ਸ਼ਕਤੀ ਰਾਹੀਂ ਨਹੀਂ ਸਗੋਂ ਭਾਈਵਾਲੀ ਰਾਹੀਂ

ਭਵਿੱਖ ਦਾ ਨਿਰਮਾਣ ਕਰਨ ਦੀ ਅਪੀਲ ਕੀਤੀ ।BYTE:
ਇਨ੍ਹਾਂ ਦੌਰਿਆਂ ਦਾ ਉਦੇਸ਼ ਗਲੋਬਲ ਸਾਊਥ ਨਾਲ ਭਾਰਤ ਦੇ ਸਬੰਧਾਂ ਨੂੰ ਮਜ਼ਬੂਤ ਕਰਨਾ, ਅਟਲਾਂਟਿਕ ਦੇ ਦੋਵੇਂ ਪਾਸੇ ਸਾਂਝੇਦਾਰੀ ਨੂੰ ਡੂੰਘਾ ਕਰਨਾ ਅਤੇ ਬ੍ਰਿਕਸ, ਅਫਰੀਕੀ ਸਿੰਘ , ਈਕੋਵਾਸ ਅਤੇ ਕੈਰੀਕਾਮ ਵਰਗੇ ਬਹੁਪੱਖੀ ਫੋਰਮਾਂ ਵਿੱਚ ਸਬੰਧਾਂ ਨੂੰ ਮਜ਼ਬੂਤ ਕਰਨਾ ਸੀ।

---------------------------------------------------------------------------

ਪੰਜਾਬ ਵਿਧਾਨ ਸਭਾ ਦਾ ਦੋ ਦਿਨਾਂ ਵਿਸ਼ੇਸ਼ ਇਜਲਾਸ ਅੱਜ ਤੋਂ ਸ਼ੁਰੂ ਹੋ ਗਿਆ ਏ । ਵਿਧਾਨ ਸਭਾ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਵਿਛੜੀਆਂ ਰੂਹਾਂ ਨੂੰ ਯਾਦ ਕੀਤਾ । ਸਾਰੇ ਸਭਾ ਮੈਂਬਰਾਂ ਵਲੋਂ ਇਹਨਾਂ ਵਿਛੜੀਆਂ ਰੂਹਾਂ ਨੂੰ ਸ਼ਰਧਾਂਜਲੀਆਂ ਭੇਟ ਕਰਦਿਆਂ, ਮੋਨ ਰੱਖਿਆ ਗਿਆ । ਇਸ ਤੋਂ ਪਹਿਲਾਂ ਮੰਤਰੀ ਅਮਨ ਅਰੋੜਾ ਵੱਲੋਂ ਅਹਿਮਦਾਬਾਦ ਵਿੱਚ ਹੋਏ ਹਵਾਈ ਹਾਦਸੇ 'ਚ ਮਾਰੇ ਗਏ 260 ਮੁਸਾਫਰਾਂ ਅਤੇ ਹੋਰਨਾਂ ਨੂੰ ਯਾਦ ਕਰਕੇ ਸ਼ਰਧਾਂਜਲੀ ਦੇਣ ਬਾਰੇ ਵੀ ਕਿਹਾ ਗਿਆ । ਉਧਰ ਵਿਧਾਨ ਸਭਾ ਦੇ ਮੈਂਬਰ ਅਮਨਦੀਪ ਸਿੰਘ ਮੁਸਾਫਰ ਨੇ ਵੀ ਬੀਤੇ ਦਿਨੀ ਅਬੋਹਰ 'ਚ ਇੱਕ ਕਾਰੋਬਾਰੀ ਸੰਜੇ ਵਰਮਾ ਦੀ ਹੋਈ ਹੱਤਿਆ ਨੂੰ ਵੀ ਸ਼ੋਕ ਮਤੇ 'ਚ ਸ਼ਾਮਿਲ ਕਰਨ ਦੀ ਅਪੀਲ ਕੀਤੀ ।

---------------------------------------------------------------------------

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਕਿਹਾ ਕਿ ਪੰਜਾਬ ਕੋਲ

ਕਿਸੇ ਹੋਰ ਸੂਬੇ ਨੂੰ ਦੇਣ ਲਈ ਇਕ ਬੂੰਦ ਵੀ ਵਾਧੂ ਪਾਣੀ ਨਹੀਂ ਏ । ਕੱਲ ਨਵੀਂ ਦਿੱਲੀ ਸ੍ਰਮ ਸ਼ਕਤੀ ਭਵਨ ਵਿਖੇ ਮੀਟਿੰਗ ਵਿੱਚ ਹਿੱਸਾ ਲੈਂਦਿਆਂ ਮੁੱਖ ਮੰਤਰੀ ਨੇ ਸਿੰਧ ਦਰਿਆ ਦੇ ਪਾਣੀਆਂ ਵਿੱਚੋਂ ਹਿੱਸਾ ਮੰਗਣ ਦੇ ਨਾਲ-ਨਾਲ ਸਤਲੁਜ ਯਮੁਨਾ ਲਿੰਕ ਨਹਿਰ ਦੀ ਬਜਾਏ ਯਮੁਨਾ ਸਤਲੁਜ ਲਿੰਕ ਨਹਿਰ ਦਾ ਵਿਚਾਰ ਵੀ ਰੱਖਿਆ । ਭਗਵੰਤ ਸਿੰਘ ਮਾਨ ਨੇ ਕਿਹਾ ਕਿ ਸੂਬੇ ਦੇ ਬਹੁਤੇ ਬਲਾਕ ਪਹਿਲਾਂ ਹੀ ਖਤਰੇ ਦੀ ਕਗਾਰ ਤੇ ਪਹੁੰਚ ਚੁੱਕੇ ਨੇ ਅਤੇ ਸੂਬੇ ਵਿੱਚ ਧਰਤੀ ਹੇਠਲੇ ਪਾਣੀ ਦੀ ਸਥਿਤੀ ਗੰਭੀਰ ਹਾਲਤ ਵਿੱਚ ਏ । ਇਸ ਦੌਰਾਨ ਮੁੱਖ ਮੰਤਰੀ ਨੇ ਤਜਵੀਜ਼ ਪੇਸ਼ ਕਰਦਿਆਂ ਸਿੰਧ ਜਲ ਸੰਧੀ ਤੇ ਮੁੜ ਵਿਚਾਰ ਕੀਤਾ ਜਾਣਾ ਚਾਹੀਦਾ ਏ ਅਤੇ ਪੱਛਮੀ ਦਰਿਆਵਾਂ ਤੋਂ ਪਾਣੀ ਲਿਆਉਣ ਲਈ ਉਪਰਾਲੇ ਕੀਤੇ ਜਾਣੇ ਚਾਹੀਦੇ ਨੇ ਤਾਂ ਕਿ ਪਾਣੀ ਦੀ ਮੰਗ ਨੂੰ ਪੂਰਾ ਕੀਤਾ ਜਾ ਸਕੇ ।

---------------------------------------------------------------------------

ਚੋਣ ਕਮਿਸ਼ਨ ਵੱਲੋਂ 8 ਅਜਿਹੀਆਂ ਰਜਿਸਟਰਡ ਗੈਰ ਮਾਨਤਾ ਪ੍ਰਾਪਤ ਸਿਆਸੀ ਪਾਰਟੀਆਂ ਨੂੰ ਸ਼ੋ-ਕਾਜ਼ ਨੋਟਿਸ ਜਾਰੀ ਕੀਤੇ ਗਏ ਨੇ , ਜਿਨ੍ਹਾਂ ਨੇ 2019 ਤੋਂ ਲੈ ਕੇ ਹੁਣ ਤੱਕ ਕਿਸੇ ਵੀ ਲੋਕ ਸਭਾ ਜਾਂ ਵਿਧਾਨ ਸਭਾ ਦੀ ਚੋਣ ਜਾਂ ਜ਼ਿਮਨੀ ਚੋਣ ਵਿੱਚ ਹਿੱਸਾ ਨਹੀਂ ਲਿਆ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਦਸਿਆ ਕਿ ਕਮਿਸ਼ਨ ਨੇ ਇਨ੍ਹਾਂ ਪਾਰਟੀਆਂ ਨੂੰ ਲੋਕ ਨੁਮਾਇੰਦਗੀ ਐਕਟ, 1951 ਦੀ ਧਾਰਾ

29ਏ ਦੇ ਤਹਿਤ ਰਜਿਸਟਰਡ ਰਾਜਨੀਤਿਕ ਪਾਰਟੀਆਂ ਦੀ ਸੂਚੀ ਵਿੱਚੋਂ ਹਟਾਉਣ ਦੀ ਤਜਵੀਜ਼ ਰੱਖੀ ਏ । ਇਨ੍ਹਾਂ ਪਾਰਟੀਆਂ ਨੂੰ ਆਉਂਦੀ 15 ਜੁਲਾਈ ਤੱਕ ਲਿਖਤੀ ਜਵਾਬ, ਪਾਰਟੀ ਦੇ ਪ੍ਰਧਾਨ ਜਾਂ ਜਨਰਲ ਸਕੱਤਰ ਵੱਲੋਂ ਹਲਫਨਾਮਾ ਅਤੇ ਸਮੱਰਥਨ ਦਸਤਾਵੇਜ਼ਾਂ ਸਮੇਤ, ਚੋਣ ਕਮਿਸ਼ਨ ਨੂੰ ਭੇਜਣ ਲਈ ਕਿਹਾ ਗਿਆ ਏ । ਇਸ ਮਾਮਲੇ 'ਚ ਸੁਣਵਾਈ 23 ਜੁਲਾਈ ਨੂੰ ਨਿਰਧਾਰਤ ਕੀਤੀ ਗਈ ਏ , ਜਿਸ ਵਿੱਚ ਪਾਰਟੀ ਦੇ ਪ੍ਰਧਾਨ, ਜਨਰਲ ਸਕੱਤਰ ਜਾਂ ਮੁਖੀ ਵੱਲੋਂ ਹਾਜ਼ਰ ਹੋਣਾ ਲਾਜ਼ਮੀ ਏ । ਸਿਬਿਨ ਸੀ ਨੇ ਕਿਹਾ ਕਿ ਜੇਕਰ ਨਿਰਧਾਰਿਤ ਤਰੀਕ ਤੱਕ ਕੋਈ ਜਵਾਬ ਨਹੀਂ ਮਿਲਦਾ, ਤਾਂ ਕਮਿਸ਼ਨ ਵੱਲੋਂ ਬਿਨਾਂ ਕਿਸੇ ਹੋਰ ਨੋਟਿਸ ਦੇ, ਯੋਗ ਕਾਰਵਾਈ ਕੀਤੀ ਜਾਵੇਗੀ।

-------------------------------------------------------------------------

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਇੱਕ ਮਹੱਤਵਪੂਰਨ ਯੋਜਨਾ ਦਾ ਐਲਾਨ ਕੀਤਾ ਏ ਜਿਸ ਵਿੱਚ ਹਰੇਕ ਜ਼ਿਲ੍ਹੇ ਦੇ ਘੱਟੋ-ਘੱਟ ਦੋ ਮੈਡੀਕਲ ਅਫਸਰਾਂ ਨੂੰ ਪ੍ਰਮੁੱਖ ਸੰਸਥਾਵਾਂ ਵਿੱਚ ਗੰਭੀਰ ਹਾਲਾਤ ਵਿਚ ਆਧੁਨਿਕ ਸਿਹਤ ਸੰਭਾਲ ਦੀ ਸਿਖਲਾਈ ਦਿੱਤੀ ਜਾਵੇਗੀ, ਤਾਂ ਜੋ ਡਾਕਟਰਾਂ ਨੂੰ ਪੰਜਾਬ ਭਰ ਵਿੱਚ ਆਈ.ਸੀ.ਯੂ ਅਤੇ ਟਰੌਮਾ ਮਾਮਲਿਆਂ ਦੇ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਬੰਧਨ ਲਈ ਢੁਕਵੀਂ ਮੁਹਾਰਤ ਦਿਤੀ ਜਾ ਸਕੇ। ਚੰਡੀਗੜ੍ਹ ਵਿਚ ਮੈਡੀਕਲ ਅਫਸਰਾਂ ਲਈ ਦੋ-ਰੋਜ਼ਾ ਸਿਖਲਾਈ

ਪ੍ਰੋਗਰਾਮ ਦੇ ਸਮਾਪਤੀ ਸਮਾਗਮ ਦੀ ਪ੍ਰਧਾਨਗੀ ਕਰਦਿਆਂ ਡਾ. ਬਲਬੀਰ ਸਿੰਘ ਨੇ ਕਿਹਾ ਕਿ ਇਹ ਪਹਿਲ ਐਮਰਜੈਂਸੀ ਦੇਖਭਾਲ ਸੇਵਾਵਾਂ ਵਿਚਲੇ ਪਾੜੇ ਨੂੰ ਪੂਰਦਿਆਂ "ਗੋਲਡਨ ਆਵਰ", ਸ਼ੁਰੂਆਤੀ ਘੰਟੇ, ਜੋ ਮਰੀਜ਼ਾਂ ਦੀ ਬਚਾਅ ਦਰ ਨਿਰਧਾਰਤ ਕਰਦੇ ਨੇ , ਦੌਰਾਨ ਤੁਰੰਤ ਤੇ ਸਮੇਂ ਸਿਰ ਇਲਾਜ ਯਕੀਨੀ ਬਣਾਏਗੀ।

---------------------------------------------------------------

ਪੰਜਾਬ ਦੇ ਵਿੱਤ ਮੰਤਰੀ ਐਡਵੋਕੇਟ ਹਰਪਾਲ ਸਿੰਘ ਚੀਮਾ ਨੇ ਸੂਬੇ ਦੇ ਟਰਾਂਸਪੋਰਟ ਵਿਭਾਗ ਨੂੰ ਅਗਲੇ 15 ਦਿਨਾਂ ਵਿੱਚ ਵਿਭਾਗ ਦੀਆਂ ਵੱਖ-ਵੱਖ ਜਥੇਬੰਦੀਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਦੀਆਂ ਮੰਗਾਂ ’ਤੇ ਵਿਚਾਰ ਕਰਨ ਅਤੇ ਇੱਕ ਠੋਸ ਰਿਪੋਰਟ ਸੌਂਪਣ ਦੇ ਨਿਰਦੇਸ਼ ਦਿੱਤੇ ਨੇ । ਇਸ ਨਿਰਦੇਸ਼ ਤੋਂ ਬਾਅਦ ਵਿਭਾਗ ਦੀਆਂ ਹੜਤਾਲ ‘ਤੇ ਗਈਆਂ ਜਥੇਬੰਦੀਆਂ ਨੇ ਆਪਣੀ ਹੜਤਾਲ ਵਾਪਸ ਲੈਣ ਦਾ ਐਲਾਨ ਕੀਤਾ। ਵਿੱਤ ਮੰਤਰੀ ਨੇ ਇਹ ਨਿਰਦੇਸ਼ ਪੰਜਾਬ ਭਵਨ ਵਿਖੇ ਜਥੇਬੰਦੀਆਂ ਨਾਲ ਲਗਭਗ ਦੋ ਘੰਟੇ ਚੱਲੀ ਮੀਟਿੰਗ ਦੌਰਾਨ ਜਾਰੀ ਕੀਤੇ। ਵਿੱਤ ਮੰਤਰੀ ਨੂੰ ਜਥੇਬੰਦੀਆਂ ਵੱਲੋਂ ਮੰਗਾਂ ਅਤੇ ਮੁੱਦੇ ਵਿਸਥਾਰ ਵਿੱਚ ਪੇਸ਼ ਕੀਤੇ ਗਏ। ਜਥੇਬੰਦੀ ਆਗੂਆਂ ਵੱਲੋਂ ਉਠਾਈਆਂ ਗਈਆਂ ਮੰਗਾਂ ਅਤੇ ਮੁੱਦਿਆਂ ’ਤੇ ਵਿਚਾਰ ਕਰਨ ਤੋਂ ਬਾਅਦ ਵਿੱਤ ਮੰਤਰੀ ਨੇ ਟਰਾਂਸਪੋਰਟ ਵਿਭਾਗ ਨੂੰ ਹਦਾਇਤ ਇਹ ਕੀਤੀ ।

---------------------------------------------------------------------

ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਮਨੁੱਖੀ ਅਧਿਕਾਰਾਂ ਦੇ ਹੱਕਾਂ ਦੀ ਰਾਖੀ ਦਾ ਸੁਨੇਹਾ ਦਿੰਦੀ ਦੀਵਾਨ ਟੋਡਰ ਮੱਲ ਜੀ ਦੀ ਜਹਾਜ਼ੀ ਹਵੇਲੀ ਦਾ ਦੌਰਾ ਕੀਤਾ। ਰਾਜਪਾਲ ਨੇ ਕਿਹਾ ਕਿ ਦੀਵਾਨ ਟੋਡਰ ਮੱਲ ਵੱਲੋਂ ਦਸਮ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਅਦੁੱਤੀ ਸ਼ਹਾਦਤ ਤੋਂ ਬਾਅਦ ਸੰਸਕਾਰ ਲਈ ਸੋਨੇ ਦੀਆਂ ਮੋਹਰਾਂ ਖੜੀਆਂ ਕਰਕੇ ਸ੍ਰੀ ਫਤਿਹਗੜ੍ਹ ਸਾਹਿਬ ਵਿਚ ਖਰੀਦੀ ਗਈ ਜਗ੍ਹਾ, ਇਹ ਦੁਨੀਆਂ ਦੀ ਸਭ ਤੋਂ ਕੀਮਤੀ ਜਗ੍ਹਾ ਏ। ਉਨ੍ਹਾਂ ਦੀਵਾਨ ਟੋਡਲ ਮਲ ਵਿਰਾਸਤੀ ਫਾਊਂਡੇਸ਼ਨ ਵੱਲੋਂ ਜਹਾਜੀ ਹਵੇਲੀ ਦੇ ਨਵੀਨੀਕਰਨ ਲਈ ਚਲਾਏ ਗਏ ਕੰਮਾਂ ਦੀ ਸ਼ਲਾਘਾ ਕੀਤੀ। ਇਸ ਮਗਰੋਂ ਗਵਰਨਰ ਸ਼ਹੀਦਾਂ ਦੇ ਪਵਿੱਤਰ ਅਸਥਾਨ ਗੁਰਦੁਆਰਾ ਸ੍ਰੀ ਫਤਿਹਗੜ੍ਹ ਸਾਹਿਬ ਵਿਖੇ ਵੀ ਨਤਮਸਤਕ ਹੋਏ।

---------------------------------------------------------------------

ਅੱਜ ਦੇਸ਼ ਭਰ ਵਿੱਚ ਗੁਰੂ ਪੂਰਨਿਮਾ ਮਨਾਈ ਜਾ ਰਹੀ ਏ। ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਗੁਰੂ ਪੂਰਨਿਮਾ ਦੇ ਮੌਕੇ 'ਤੇ ਦੇਸ਼ ਵਾਸੀਆਂ ਨੂੰ ਵਧਾਈ ਦਿੱਤੀ ਏ।